# ਪ੍ਰਧਾਨ ਮੰਤਰੀ ਦੀ ਬ੍ਰਾਜ਼ੀਲ ਦੇ ਰਾਸ਼ਟਰਪਤੀ ਨਾਲ ਮੁਲਾਕਾਤ

21 ਮਈ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 21 ਮਈ 2023 ਨੂੰ ਹੀਰੋਸ਼ੀਮਾ ਵਿੱਚ ਜੀ-7 ਸਿਖਰ ਸੰਮੇਲਨ ਦੌਰਾਨ ਬ੍ਰਾਜ਼ੀਲ ਦੇ ਰਾਸ਼ਟਰਪਤੀ ਐਚ.ਈ. ਮਿਸਟਰ ਲੁਈਜ਼ ਇਨਾਸੀਓ ਲੂਲਾ ਡਾ ਸਿਲਵਾ ਨਾਲ ਮੁਲਾਕਾਤ ਕੀਤੀ।

2. ਦੋਵਾਂ ਨੇਤਾਵਾਂ ਵਿਚਾਲੇ ਇਹ ਪਹਿਲੀ ਮੁਲਾਕਾਤ ਸੀ।

3. ਨੇਤਾਵਾਂ ਨੇ ਜ਼ਿਕਰ ਕੀਤਾ ਕਿ ਇਸ ਸਾਲ ਦੋਵਾਂ ਮੁਲਕਾਂ ਦੇ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 75ਵੀਂ ਵਰ੍ਹੇਗੰਢ ਹੈ। ਉਹਨਾਂ ਨੇ ਆਪਣੀ ਰਣਨੀਤਕ ਭਾਈਵਾਲੀ ਦੀ ਸਮੀਖਿਆ ਕੀਤੀ ਅਤੇ ਇਸਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ ਬਾਰੇ ਚਰਚਾ ਕੀਤੀ, ਖਾਸ ਕਰਕੇ ਰੱਖਿਆ ਉਤਪਾਦਨ, ਵਪਾਰ, ਫਾਰਮਾਸਿਊਟੀਕਲ, ਖੇਤੀਬਾੜੀ, ਡੇਅਰੀ ਅਤੇ ਪਸ਼ੂ ਪਾਲਣ ਸਮੇਤ ਬਾਇਓ-ਇੰਧਨ ਅਤੇ ਸਾਫ਼ ਊਰਜਾ ਦੇ ਖੇਤਰਾਂ ਵਿੱਚ। ਦੋਵਾਂ ਨੇਤਾਵਾਂ ਨੇ ਦੋਹਾਂ ਦੇਸ਼ਾਂ ਦੇ ਸਨਅਤੀ ਨੇਤਾਵਾਂ ਦੀ ਉੱਚ ਪੱਧਰੀ ਬੈਠਕ ਆਯੋਜਿਤ ਕਰਨ ਦੀ ਜ਼ਰੂਰਤ 'ਤੇ ਬਲ ਦਿੱਤਾ।

4. ਨੇਤਾਵਾਂ ਨੇ ਖੇਤਰੀ ਵਿਕਾਸ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਉਨ੍ਹਾਂ ਨੇ ਬਹੁ-ਪੱਖੀ ਪਲੇਟਫਾਰਮਾਂ ਵਿੱਚ ਨਿਰੰਤਰ ਸਹਿਯੋਗ ਦੀ ਮਹੱਤਤਾ ਅਤੇ ਬਹੁ-ਪੱਖੀ ਸੰਸਥਾਵਾਂ ਦੇ ਸੁਧਾਰ ਦੀ ਦੀਰਘ ਕਾਲੀਨ ਲੋੜ 'ਤੇ ਜ਼ੋਰ ਦਿੱਤਾ।

5. ਪ੍ਰਧਾਨ ਮੰਤਰੀ ਇਸ ਸਾਲ ਸਤੰਬਰ ਵਿੱਚ ਜੀ-20 ਸਿਖਰ ਸੰਮੇਲਨ ਲਈ ਭਾਰਤ ਵਿੱਚ ਰਾਸ਼ਟਰਪਤੀ ਲੂਲਾ ਦਾ ਸੁਆਗਤ ਕਰਨ ਲਈ ਉਤਸੁਕ ਦਿਖੇ।

**ਹੀਰੋਸ਼ੀਮਾ**

**21 ਮਈ, 2023**